**ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**

**ਵਣ ਭਵਨ, ਸੈਕਟਰ-68, ਐਸ.ਏ.ਐਸ. ਨਗਰ**

https://sssb.punjab.gov.in

**ਇਸ਼ਤਿਹਾਰ ਨੰ. 16 ਆਫ 2025**

| **ਲੜੀ ਨੰ.** | **ਵਿਭਾਗ ਦਾ ਨਾਮ** | **ਆਸਾਮੀ ਦਾ ਨਾਮ** | **ਆਸਾਮੀਆਂ ਦੀ ਗਿਣਤੀ** |
|---|---|---|---|
| 1. | ਜਲ ਸਰੋਤ ਵਿਭਾਗ, ਪੰਜਾਬ | ਜੂਨੀਅਰ ਇੰਜੀਨੀਅਰ (ਸਿਵਲ) | 97 |
| | | ਜੂਨੀਅਰ ਇੰਜੀਨੀਅਰ (ਮਕੈਨੀਕਲ) | 09 |
| | | ਜੂਨੀਅਰ ਇੰਜੀਨੀਅਰ (ਇਲੈਕਟ੍ਰੀਕਲ) | 01 |
| ਕੁੱਲ | | | 107 |


| **ਲੜੀ ਨੰ:** | **ਵੇਰਵਾ** | **ਪੰਨਾ ਨੰਬਰ** |
|---|---|---|
| **1.** | ਮਹੱਤਵਪੂਰਨ ਮਿਤੀਆਂ | 1 |
| **2.** | ਜਾਣ-ਪਹਿਚਾਣ | 1 |
| **3.** | ਅਸਾਮੀਆਂ ਦਾ ਕੈਟਾਗਰੀ-ਵਾਈਜ਼ ਵਰਗੀਕਰਨ | 1-3 |
| **4.** | ਰਾਖਵਾਂਕਰਨ ਸਬੰਧੀ ਮਹੱਤਵਪੂਰਨ ਹਦਾਇਤਾਂ | 3-5 |
| **5.** | ਵਿੱਦਿਅਕ ਯੋਗਤਾ | 5 |
| **6.** | ਤਨਖਾਹ ਸਕੇਲ | 5 |
| **7.** | ਉਮਰ ਸੀਮਾ | 6 |
| **8.** | ਫੀਸ ਸਬੰਧੀ ਵੇਰਵਾ | 6 |
| **9.** | ਚੋਣ ਵਿਧੀ ਸਬੰਧੀ ਜਾਣਕਾਰੀ | 7 |
| **10.** | ਅਪਲਾਈ ਕਰਨ ਦੀ ਵਿਧੀ | 8-9 |
| **11.** | ਉਮੀਦਵਾਰ ਨੂੰ ਅਯੋਗ ਕਰਾਰ ਦੇਣ ਜਾਂ ਪਾਤਰਤਾ ਰੱਦ ਕਰਨ ਦੀਆਂ ਸ਼ਰਤਾਂ | 9 |
| **12.** | ਬਿਨੈਕਾਰ ਦੇ ਧਿਆਨ ਹਿੱਤ ਜਰੂਰੀ ਹਦਾਇਤਾਂ | 10-12 |

**ਇਸ਼ਤਿਹਾਰ ਨੰ.**
**16 ਆਫ 2025**

**ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**
**ਵਣ ਭਵਨ, ਸੈਕਟਰ-68, ਐਸ.ਏ.ਐਸ. ਨਗਰ**

*https://sssb.punjab.gov.in*

**ਜਨਤਕ ਨਿਯੁਕਤੀਆਂ**

**ਮਹੱਤਵਪੂਰਨ ਮਿਤੀਆਂ:-**

| | | |
|---|---|---|
| **ਇਸ਼ਤਿਹਾਰ ਪ੍ਰਕਾਸ਼ਿਤ ਹੋਣ ਦੀ ਮਿਤੀ** | : | **21.12.2025** |
| **ਆਨਲਾਈਨ ਅਰਜੀਆਂ ਸਬਮਿਟ/ਅਪਲਾਈ ਕਰਨ ਦੀ ਸ਼ੁਰੂਆਤੀ ਮਿਤੀ** | : | **22.12.2025** |
| **ਆਨਲਾਈਨ ਅਰਜੀਆਂ ਸਬਮਿਟ/ਅਪਲਾਈ ਕਰਨ ਦੀ ਆਖਰੀ ਮਿਤੀ** | : | **28.12.2025 (05-00 pm ਤੱਕ)** |
| **ਫੀਸ ਭਰਨ ਦੀ ਆਖਰੀ ਮਿਤੀ** | : | **31.12.2025** |

**ਜਾਣ-ਪਹਿਚਾਣ**

ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਦੀ ਸਥਾਪਨਾ ਭਾਰਤੀ ਸੰਵਿਧਾਨ ਦੀ ਧਾਰਾ 309 ਤਹਿਤ ਕੀਤੀ ਗਈ ਹੈ, ਜਿਸਦਾ ਮੁੱਖ ਮੰਤਵ ਪੰਜਾਬ ਸਰਕਾਰ ਦੇ ਅਦਾਰਿਆਂ ਵੱਲੋਂ ਪ੍ਰਾਪਤ ਹੋਏ ਮੰਗ ਪੱਤਰਾਂ ਅਨੁਸਾਰ ਪੰਜਾਬ ਸਰਕਾਰ ਦੇ ਅਦਾਰਿਆਂ ਵਿੱਚ ਗਰੁੱਪ-ਬੀ, ਗਰੁੱਪ-ਸੀ ਅਤੇ ਗਰੁੱਪ-ਡੀ ਸੇਵਾਵਾਂ ਦੇ ਅਮਲੇ ਦੀ ਭਰਤੀ ਕਰਨਾ ਹੈ।

ਜਲ ਸਰੋਤ ਵਿਭਾਗ, ਪੰਜਾਬ ਤੋਂ ਗਰੁੱਪ-ਬੀ ਦੀਆਂ ਅਸਾਮੀਆਂ ਲਈ ਪ੍ਰਾਪਤ ਮੰਗ ਪੱਤਰ ਅਤੇ ਅਸਾਮੀਆਂ ਦੇ ਵਰਗੀਕਰਨ ਅਨੁਸਾਰ ਹੇਠ ਦਰਸਾਏ ਵੱਖ-ਵੱਖ ਅਸਾਮੀਆਂ ਦੀ ਭਰਤੀ ਲਈ ਬੋਰਡ ਦੀ ਵੈਬਸਾਈਟ ***https://sssb.punjab.gov.in*** ਤੇ ਯੋਗ ਉਮੀਦਵਾਰਾਂ ਤੋਂ ਮਿਤੀ **22.12.2025 ਤੋਂ 28.12.2025 ਸ਼ਾਮ 05-00 ਵਜੇ** ਤੱਕ ਆਨਲਾਈਨ ਅਰਜੀਆਂ ਦੀ ਮੰਗ ਕੀਤੀ ਜਾਂਦੀ ਹੈ।

**ਵਿਸਥਾਰਪੂਰਵਕ ਸੂਚਨਾ**

1. **ਅਸਾਮੀਆਂ ਦਾ ਸ਼੍ਰੇਣੀ ਵਾਈਜ ਵਰਗੀਕਰਨ ਹੇਠ ਲਿਖੇ ਅਨੁਸਾਰ ਹੈ:-**

**(I) ਵਿਭਾਗ ਦਾ ਨਾਮ: ਜਲ ਸਰੋਤ ਵਿਭਾਗ, ਪੰਜਾਬ**

**(ੳ) ਅਸਾਮੀ ਦਾ ਨਾਮ - ਜੂਨੀਅਰ ਇੰਜੀਨੀਅਰ (ਸਿਵਲ)**

| **Sr. No.** | **Category** | **ਆਸਾਮੀਆਂ ਦੀ ਗਿਣਤੀ** | |
|---|---|---|---|
| | | **Total Number of Vacancies (Backlog)** | **Out of Total Number of Vacancies mention in Column C,** Number of vacancies Reserved for women. |
| A | B | C | D |
| 1. | EXSERVICEMEN GENERAL | 48 | 25 |
| 2. | EXSERVICEMEN SC (M&B) | 12 | 00 |
| 3. | EXSERVICEMEN SC (R&O) | 13 | 00 |
| 4. | EXSERVICEMEN BC | 12 | 00 |
| 5. | SPORTS(GENERAL) | 02 | 01 |

| | | | |
|---|---|---|---|
| 6. | PHYSICALLY HANDICAPED ORTHO/ LOCOMOTIVE DISABILITY | 01 | 01 |
| 7. | PHYSICALLY HANDICAPED HEARING IMPAIRED | 09 | 07 |
| | **Total** | **97** | **34** |

**(ਅ) ਆਸਾਮੀ ਦਾ ਨਾਮ:- ਜੂਨੀਅਰ ਇੰਜੀਨੀਅਰ (ਮਕੈਨੀਕਲ)**

(II)

| **Sr. No.** | **Category** | **ਆਸਾਮੀਆਂ ਦੀ ਗਿਣਤੀ** | |
|---|---|---|---|
| | | **Total Number of Vacancies (including Backlog)** | **Out of Total Number of Vacancies mention in Column C,** Number of vacancies Reserved for women. |
| A | B | C | D |
| 1. | EXSERVICEMEN GENERAL | 03 | 03 |
| 2. | EXSERVICEMEN SC (M&B) | 01 | 00 |
| 3. | EXSERVICEMEN SC (R&O) | 02 | 00 |
| 4. | EXSERVICEMEN BC | 02 | 00 |
| 5. | SPORTS SC (R&O) | 01 | 00 |
| | **Total** | **09** | **03** |

**(ੲ) ਆਸਾਮੀ ਦਾ ਨਾਮ:- ਜੂਨੀਅਰ ਇੰਜੀਨੀਅਰ (ਇਲੈਕਟ੍ਰੀਕਲ)**

| Sr. No. | Category | ਆਸਾਮੀਆਂ ਦੀ ਗਿਣਤੀ | |
|---|---|---|---|
| | | Total Number of Vacancies (including Backlog) | **Out of Total Number of Vacancies mention in Column C,** Number of vacancies Reserved for women. |
| A | B | C | D |
| 1. | Scheduled Caste (M&B) | 01 | 01 |
| | **Total** | **01** | **01** |

ਨੋਟ:

(i) ਉਕਤ ਅਸਾਮੀਆਂ ਦਾ ਕੈਟਾਗਰੀ ਵਾਈਜ਼ ਵਰਗੀਕਰਨ ਸਬੰਧਤ ਵਿਭਾਗ ਤੋਂ ਪ੍ਰਾਪਤ ਹੋਏ ਮੰਗ ਪੱਤਰ ਅਨੁਸਾਰ ਹੈ, ਜੋ ਕਿ ਭਵਿੱਖ ਵਿੱਚ ਸਬੰਧਤ ਵਿਭਾਗ/ਸਰਕਾਰ ਤੋਂ ਪ੍ਰਾਪਤ ਸੂਚਨਾ/ਫੈਸਲੇ ਦੇ ਸਨਮੁੱਖ ਤਬਦੀਲ ਵੀ ਕੀਤਾ ਜਾ ਸਕਦਾ ਹੈ।

(ii) ਭਵਿੱਖ ਵਿੱਚ ਸਬੰਧਤ ਵਿਭਾਗ/ਸਰਕਾਰ ਤੋਂ ਪ੍ਰਾਪਤ ਸੂਚਨਾ/ਫੈਸਲੇ ਦੇ ਸਨਮੁੱਖ ਇਹ ਅਸਾਮੀਆਂ ਘਟਾਈਆਂ/ਵਧਾਈਆਂ ਜਾਂ ਖਾਰਜ ਵੀ ਕੀਤੀਆਂ ਜਾ ਸਕਦੀਆਂ ਹਨ।

(iii) ਸ਼੍ਰੇਣੀ ਕੋਡ (Category Codes): ਇਨ੍ਹਾਂ ਅਸਾਮੀਆਂ ਦੇ ਸ਼੍ਰੇਣੀ ਕੋਡ ਹੇਠ ਲਿਖੇ ਅਨੁਸਾਰ ਹਨ। ਉਮੀਦਵਾਰਾਂ ਵੱਲੋਂ ਆਨਲਾਈਨ ਅਪਲਾਈ ਕਰਨ ਸਮੇਂ ਸ਼੍ਰੇਣੀ ਅਤੇ ਸ਼੍ਰੇਣੀ ਕੋਡ ਨੂੰ ਧਿਆਨ ਵਿੱਚ ਰੱਖਦੇ ਹੋਏ ਅਪਲਾਈ ਕੀਤਾ ਜਾਵੇ।

| Sr. No. | Category | Code |
|---|---|---|
| 1. | S.C. (M & B) | 103 |
| 2. | ESM Gen. (Self) | 106 |
| 3. | ESM Gen. (Dependent) | 107 |
| 4. | ESM S.C (M & B) (Self) | 108 |
| 5. | ESM S.C (M & B) (Dependent) | 109 |
| 6. | ESM S.C (R & O) (Self) | 110 |
| 7. | ESM S.C (R & O) (Dependent) | 111 |
| 8. | ESM B.C (Self) | 112 |
| 9. | ESM B.C (Dependent) | 113 |
| 10. | Sports General | 114 |
| 11. | Sports {SC (R&O)} | 116 |
| 12. | Physical Handicapped Ortho/ Locomotive Disability | 117 |
| 13. | Physical Handicapped Hearing Impaired | 119 |

**2. ਰਾਖਵਾਂਕਰਨ/Reservation ਸਬੰਧੀ ਮਹੱਤਵਪੂਰਨ ਹਦਾਇਤਾਂ:**

(i) ਉਮੀਦਵਾਰ ਸ਼੍ਰੇਣੀ ਅਤੇ ਇਸਦੇ ਕੋਡ ਦਾ ਧਿਆਨ ਰੱਖਦੇ ਹੋਏ ਆਨਲਾਈਨ ਫਾਰਮ ਸੁਚੇਤ ਹੋ ਕੇ ਭਰਨ ਕਿਉਂਕਿ ਕਿਸੇ ਵੀ ਸਟੇਜ ਤੇ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਤਬਦੀਲ ਨਹੀਂ ਕੀਤਾ ਜਾਵੇਗਾ।

(ii) ਉਮੀਦਵਾਰ ਕਿਸੇ ਵੀ ਅਜਿਹੀ ਸ਼੍ਰੇਣੀ ਵਿਰੁੱਧ ਅਪਲਾਈ ਨਾ ਕਰਨ ਜਿਸ ਦੀ ਅਸਾਮੀ ਉਪਰ ਦਰਸਾਈ ਸਾਰਣੀ ਵਿੱਚ ਦਰਜ ਨਹੀਂ ਕੀਤੀ ਗਈ । ਜੇਕਰ ਕੋਈ ਉਮੀਦਵਾਰ ਉਕਤ ਅਸਾਮੀਆਂ ਲਈ ਅਜਿਹੀ ਸ਼੍ਰੇਣੀ/ਸ਼੍ਰੇਣੀ ਕੋਡ ਦੇ ਵਿਰੁੱਧ ਅਪਲਾਈ ਕਰਦਾ ਹੈ, ਜਿਸਦੀ ਕੋਈ ਅਸਾਮੀ ਇਸ਼ਤਿਹਾਰ ਵਿੱਚ ਸ਼ਾਮਿਲ ਨਾ ਕੀਤੀ ਹੋਵੇ, ਉਸ ਸਥਿਤੀ ਵਿੱਚ ਅਜਿਹੇ ਪ੍ਰਾਰਥੀ ਦੀ ਪਾਤਰਤਾ ਮੁੱਢ ਤੋਂ ਹੀ ਰੱਦ ਮੰਨੀ ਜਾਵੇਗੀ।

(iii) ਰਾਖਵਾਂਕਰਨ ਦਾ ਲਾਭ ਕੇਵਲ ਪੰਜਾਬ ਦੇ ਵਸਨੀਕਾਂ ਨੂੰ ਹੀ ਮਿਲਣਯੋਗ ਹੋਵੇਗਾ, ਇਸ ਲਈ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਭਰਨ ਸਮੇਂ ਉਮੀਦਵਾਰ ਇਸ ਗੱਲ ਦਾ ਧਿਆਨ ਰੱਖਣ। ਉਮੀਦਵਾਰ ਵੱਲੋਂ ਆਨਲਾਈਨ ਭਰੇ ਗਏ ਫਾਰਮ ਵਿੱਚ ਦਰਜ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਦੇ ਆਧਾਰ ਤੇ ਹੀ ਉਸਦੀ ਪਾਤਰਤਾ ਨੂੰ ਵਿਚਾਰਿਆ ਜਾਵੇਗਾ।

(iv) ਰਾਖਵਾਂਕਰਨ ਦਾ ਲਾਭ ਲੈਣ ਲਈ ਉਮੀਦਵਾਰ ਪੰਜਾਬ ਦਾ ਵਸਨੀਕ ਹੋਣ ਦਾ ਤਾਜ਼ਾ ਜਾਰੀ ਹੋਇਆ ਸਰਟੀਫਿਕੇਟ (Domicile/Residence Certificate) ਪੇਸ਼ ਕਰੇਗਾ। ਇਹ ਸਰਟੀਫਿਕੇਟ ਹਰ ਸ਼੍ਰੇਣੀ ਦੇ ਉਮੀਦਵਾਰ (ਪੁਰਸ਼/ਇਸਤਰੀ) ਵੱਲੋਂ ਪੇਸ਼ ਕਰਨਾ ਲਾਜ਼ਮੀ ਹੈ। ਇਹ ਸਰਟੀਫਿਕੇਟ ਕੌਂਸਲਿੰਗ ਦੌਰਾਨ ਪੇਸ਼ ਕਰਨ ਸਮੇਂ ਕਿਸੇ ਵੀ ਸਥਿਤੀ ਵਿੱਚ 5 ਸਾਲ ਤੋਂ ਪੁਰਾਣਾ ਨਹੀਂ ਹੋਣਾ ਚਾਹੀਦਾ।

(v) ਅਨੁਸੂਚਿਤ ਜਾਤੀ/ਪੱਛੜੀ ਸ਼੍ਰੇਣੀ/ਸਾਬਕਾ ਫੌਜੀ/ਅੰਗਹੀਣ/ਖਿਡਾਰੀ ਵਰਗ ਦਾ ਸਰਟੀਫਿਕੇਟ ਪੰਜਾਬ ਸਰਕਾਰ ਦੀਆਂ ਪ੍ਰਚੱਲਿਤ ਹਦਾਇਤਾਂ ਅਨੁਸਾਰ ਹੋਣਾ ਲਾਜ਼ਮੀ ਹੈ।

(vi) ਇਨ੍ਹਾਂ ਅਸਾਮੀਆਂ ਦੀ ਭਰਤੀ ਪੰਜਾਬ ਸਰਕਾਰ ਦੀ Notification titled as The Punjab Civil Services (Reservation of Posts for Women) Rules, 2020 ਨੰਬਰ G.S.R. 87/Const/Art.309 and 15/2020 ਮਿਤੀ 21/10/2020 ਅਤੇ ਸਮੇਂ ਸਮੇਂ ਤੇ ਹੋਣ ਵਾਲੀਆਂ ਸੋਧਾਂ ਅਨੁਸਾਰ ਕੀਤੀ ਜਾਵੇਗੀ।

(vii) ਵਿਮੁਕਤ ਜਾਤੀ ਨਾਲ ਸਬੰਧਤ ਉਮੀਦਵਾਰਾਂ ਤੇ ਪੰਜਾਬ ਸਰਕਾਰ ਵੱਲੋਂ ਸਮੇਂ ਸਮੇਂ ਤੇ ਜਾਰੀ ਹਦਾਇਤਾਂ ਲਾਗੂ ਹੋਣਗੀਆਂ।

(viii) ਉਮੀਦਵਾਰ ਕਾਉਂਸਲਿੰਗ ਸਮੇਂ ਅਤੇ ਹੋਰ ਕਿਸੇ ਵੀ ਸਟੇਜ ਤੇ ਬੋਰਡ ਦੀ ਮੰਗ ਅਨੁਸਾਰ ਆਪਣੀ ਸ਼੍ਰੇਣੀ ਨਾਲ ਸਬੰਧਤ ਹਰ ਤਰ੍ਹਾਂ ਦਾ ਪੁਖਤਾ (Valid) ਸਰਟੀਫਿਕੇਟ ਸਬੂਤ ਵੱਜੋਂ ਪੇਸ਼ ਕਰੇਗਾ। ਕਾਉਂਸਲਿੰਗ ਸਮੇਂ ਕਿਸੇ ਵੀ ਲੋੜੀਂਦੇ ਦਸਤਾਵੇਜ ਦੀ ਅਣਹੋਂਦ ਵਿੱਚ ਉਮੀਦਵਾਰ ਨੂੰ ਉਪਰੋਕਤ ਅਸਾਮੀਆਂ ਲਈ ਨਹੀਂ ਵਿਚਾਰਿਆ ਜਾਵੇਗਾ ਅਤੇ ਮੈਰਿਟ ਲਿਸਟ ਵਿੱਚ ਮੌਜੂਦ ਅਗਲੇ ਯੋਗ ਉਮੀਦਵਾਰ ਨੂੰ ਵਿਚਾਰਦੇ ਹੋਏ ਉਸਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕਰ ਦਿੱਤਾ ਜਾਵੇਗਾ।

**ਨੋਟ:-** (i) ESM ਦੀ ਅਸਾਮੀ ESM(Self) ਉਮੀਦਵਾਰਾਂ ਵਿੱਚੋਂ ਹੀ ਭਰੀ ਜਾਏਗੀ। ESM(Self) ਉਮੀਦਵਾਰ ਉਪਲਬਧ ਨਾ ਹੋਣ ਦੀ ਸਥਿਤੀ ਵਿੱਚ ਹੀ ਇਹ ਅਸਾਮੀ ESM(Dependent) ਉਮੀਦਵਾਰਾਂ ਵਿੱਚੋਂ ਭਰੀ ਜਾਏਗੀ।

(ii) ਪੰਜਾਬ ਸਰਕਾਰ, ਰੱਖਿਆ ਸੇਵਾਵਾਂ ਭਲਾਈ ਵਿਭਾਗ ਦੇ ਨੋਟੀਫਿਕੇਸ਼ਨ ਮਿਤੀ 08.05.2020 ਮੁਤਾਬਿਕ ਜੇਕਰ ਕਿਸੇ ਅਸਾਮੀ ਵਿਰੁੱਧ ਸਾਬਕਾ ਫੌਜੀ ਖੁਦ ਜਾਂ ਸਾਬਕਾ ਫੌਜੀ ਆਸ਼ਰਿਤ ਉਮੀਦਵਾਰ ਉਪਲੱਬਧ ਨਹੀਂ ਹੁੰਦਾ ਤਾਂ ਇਹ ਅਸਾਮੀ ਹੇਠ ਲਿਖੇ ਨਿਯਮ ਅਨੁਸਾਰ ਭਰੀ ਜਾਣੀ ਹੈ:-

In the Punjab Recruitment of Ex-Servicemen Rules, 1982, in rule 4, in sub-rule (1), for the existing third proviso, the following proviso shall be substituted, namely:-

*"Provided further that when an ex-serviceman is not available for the recruitment against a reserved vacancy and further no wife or dependent child of an Ex-serviceman is available for recruitment against a reserved vacancy, such a vacancy shall be reserved to be filled in by recruitment of the grand child of a Gallantry Award Winner, in case the benefit of reservation has not been availed for by any of the children or dependents of such winner or by the winner himself subject to the conditions specified in the second proviso."*

(iii) ਉਪਰੋਕਤ ਰਾਖਵਾਂਕਰਨ ਅਤੇ ਸ਼੍ਰੇਣੀ-ਵਾਈਜ਼ ਵਰਗੀਕਰਨ ਸਬੰਧਤ ਵਿਭਾਗ ਵੱਲੋਂ ਪ੍ਰਾਪਤ ਹੋਏ ਮੰਗ-ਪੱਤਰ ਵਿੱਚ ਦਰਸਾਏ ਵਰਗੀਕਰਨ ਅਨੁਸਾਰ ਹੀ ਹੈ। ਜੇਕਰ ਸਬੰਧਤ ਵਿਭਾਗ ਵੱਲੋਂ ਭਵਿੱਖ ਵਿੱਚ ਭਰਤੀ ਪ੍ਰਕਿਰਿਆ ਦੀ ਕਿਸੇ ਵੀ ਸਟੇਜ ਤੇ ਕਿਸੇ ਵੀ ਕਾਰਨ ਉਪਰੋਕਤ ਦਰਸਾਈਆਂ ਅਸਾਮੀਆਂ ਦੀ ਗਿਣਤੀ ਘਟਾਉਣ ਜਾਂ ਵਧਾਉਣ ਦਾ ਫੈਸਲਾ ਲਿਆ ਜਾਂਦਾ ਹੈ ਜਾਂ ਉਪਰੋਕਤ ਦਰਸਾਏ ਸ਼੍ਰੇਣੀਆਂ ਦੇ ਵਰਗੀਕਰਨ ਵਿੱਚ ਕਿਸੇ ਵੀ ਤਰ੍ਹਾਂ ਦੀ ਤਬਦੀਲੀ/ਸੋਧ ਕਰਨ ਦਾ ਫੈਸਲਾ ਲਿਆ ਜਾਂਦਾ ਹੈ ਤਾਂ ਬੋਰਡ ਦੁਆਰਾ ਇਸ ਸਬੰਧੀ Corrigendum/notice ਜਾਰੀ ਕਰਦੇ ਹੋਏ ਰਾਖਵਾਂਕਰਨ ਅਤੇ ਸ਼੍ਰੇਣੀ-ਵਾਈਜ਼

ਵਰਗੀਕਰਨ ਵਿੱਚ ਸੋਧ ਕੀਤੀ ਜਾ ਸਕਦੀ ਹੈ। ਅਜਿਹੀ ਹਰ ਤਰ੍ਹਾਂ ਦੀ ਸੋਧ ਸਮੂਹ ਉਮੀਦਵਾਰਾਂ ਤੇ ਲਾਗੂ ਹੋਵੇਗੀ ਅਤੇ ਹਰ ਉਮੀਦਵਾਰ ਇਸਦੀ ਪਾਲਣਾ ਕਰਨਾ ਯਕੀਨੀ ਬਣਾਏਗਾ।

**3. ਅਸਾਮੀਆਂ ਲਈ ਅਪਲਾਈ ਕਰਨ ਸਬੰਧੀ ਉਮੀਦਵਾਰਾਂ ਦੀ ਵਿੱਦਿਅਕ ਯੋਗਤਾ/ ਤਕਨੀਕੀ ਯੋਗਤਾ (Educational/Technical Qualification) ਹੇਠ ਲਿਖੇ ਅਨੁਸਾਰ ਹੋਣੀ ਲਾਜ਼ਮੀ ਹੈ :-**

| ਲੜੀ ਨੰ. | ਅਸਾਮੀ ਦਾ ਨਾਮ | ਵਿਦਿਅਕ ਯੋਗਤਾ/ ਤਕਨੀਕੀ ਯੋਗਤਾ |
|---|---|---|
| 1 | **ਜੂਨੀਅਰ ਇੰਜੀਨੀਅਰ** | Should possess minium three years Diploma of Junior Engineer in Civil Engineering or Mechanical Engineering or Electrical Engineering from State Technical Education Board or from a recognized University or institution;<br>OR<br>Higher Qualification in the same discipline i.e. Degree in Civil or Mechanical or Electrical from a recognized University or institution. |

ਨੋਟ:-

(A) ਉਪਰ ਦਰਸਾਈਆਂ ਅਸਾਮੀਆਂ ਲਈ Punjab Civil Services (General and Common Conditions of Service) Rules, 1994, ਦੇ ਨਿਯਮ 17 ਤਹਿਤ ਦਸਵੀਂ ਪੱਧਰ ਤੇ ਪੰਜਾਬੀ ਜਾਂ ਇਸਦੇ ਬਰਾਬਰ ਦੀ ਯੋਗਤਾ ਪਾਸ ਕੀਤੀ ਹੋਣੀ ਲਾਜ਼ਮੀ ਹੈ। ਇਸ ਨਿਯਮ ਦੀ ਇਬਾਰਤ ਹੇਠ ਅਨੁਸਾਰ ਹੈ:-

> *“**17.Knowledge of Punjabi Language-** No person shall be appointed to any post in any service by direct appointment unless he has passed Matriculation examination with Punjabi as one of the compulsory or elective subjects or any other equivalent examination in Punjabi language which may be specified by the Government from time to time.”*

(B) ਉਮੀਦਵਾਰ ਦੀ ਵਿੱਦਿਅਕ ਯੋਗਤਾ/ਤਕਨੀਕੀ ਯੋਗਤਾ ਸਰਟੀਫਿਕੇਟ ਅਪਲਾਈ ਕਰਨ ਦੀ ਅੰਤਿਮ ਮਿਤੀ ਤੋਂ ਪਹਿਲਾਂ ਦਾ ਜਾਰੀ ਹੋਇਆ ਹੋਣਾ ਜਰੂਰੀ ਹੈ।

**4. ਇੰਨ੍ਹਾਂ ਅਸਾਮੀਆਂ ਦਾ ਤਨਖਾਹ ਸਕੇਲ ਹੇਠ ਦਰਸਾਏ ਅਨੁਸਾਰ ਹੈ:-**

| ਲੜੀ ਨੰ. | ਵਿਭਾਗ ਦਾ ਨਾਮ | ਅਸਾਮੀ ਦਾ ਨਾਮ | ਤਨਖਾਹ ਸਕੇਲ ਅਤੇ ਭੱਤੇ<br>7ਵੇਂ ਕੇਂਦਰੀ ਤਨਖਾਹ ਸਕੇਲ ਅਨੁਸਾਰ |
|---|---|---|---|
| 1 | ਜਲ ਸਰੋਤ ਵਿਭਾਗ | ਜੂਨੀਅਰ ਇੰਜੀਨੀਅਰ | Level-6, Pay 35,400/- |

5. **ਉਮਰ ਸੀਮਾ:-**

ਉਪਰੋਕਤ ਅਸਾਮੀਆਂ ਲਈ ਉਮੀਦਵਾਰਾਂ ਦੀ ਉਮਰ ਸੀਮਾ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਮਿਤੀ 01.01.2025 ਨੂੰ ਹੇਠ ਅਨੁਸਾਰ ਹੋਣੀ ਚਾਹੀਦੀ ਹੈ:-

(i) ਕਿਸੇ ਵੀ ਸ਼੍ਰੇਣੀ ਦੇ ਉਮੀਦਵਾਰ ਦੀ ਉਮਰ 18 ਸਾਲ ਤੋਂ ਘੱਟ ਨਹੀਂ ਹੋਣੀ ਚਾਹੀਦੀ।

(ii) ਜਨਰਲ ਸ਼੍ਰੇਣੀ ਦੇ ਉਮੀਦਵਾਰਾਂ ਦੀ ਉਪਰਲੀ ਉਮਰ 37 ਸਾਲ ਤੋਂ ਵੱਧ ਨਹੀਂ ਹੋਣੀ ਚਾਹੀਦੀ।

(iii) ਪੰਜਾਬ ਰਾਜ ਦੇ ਅਨੁਸੂਚਿਤ ਜਾਤੀ ਅਤੇ ਪੱਛੜੀ ਸ਼੍ਰੇਣੀ ਦੇ ਵਸਨੀਕ ਉਮੀਦਵਾਰਾਂ ਦੀ ਵੱਧ ਤੋਂ ਵੱਧ ਉਮਰ ਦੀ ਉਪਰਲੀ ਸੀਮਾ 42 ਸਾਲ ਹੋਵੇਗੀ।

(iv) ਰਾਜ ਅਤੇ ਕੇਂਦਰੀ ਸਰਕਾਰ ਦੇ ਕਰਮਚਾਰੀਆਂ ਲਈ ਉਮਰ ਦੀ ਉਪਰਲੀ ਸੀਮਾਂ ਵਿੱਚ ਛੋਟ ਦਿੰਦੇ ਹੋਏ ਵੱਧ ਤੋਂ ਵੱਧ ਉਮਰ ਸੀਮਾ 45 ਸਾਲ ਹੋਵੇਗੀ।

(v) ਪੰਜਾਬ ਦੇ ਵਸਨੀਕ ਸਾਬਕਾ ਫੌਜੀਆਂ ਦੇ ਕੇਸ ਵਿੱਚ ਉਮਰ ਦੀ ਉਪਰਲੀ ਸੀਮਾ Punjab Recruitment of Ex-Servicemen Rules, 1982 ਵਿੱਚ ਸਮੇਂ-ਸਮੇਂ ਹੋਈਆਂ ਸੋਧਾਂ ਅਨੁਸਾਰ ਹੋਵੇਗੀ। ਇਹ ਉਮਰ ਦੀ ਉਪਰਲੀ ਸੀਮਾ ਉਨ੍ਹਾਂ ਦੀ ਫੌਜ ਵਿੱਚ ਕੀਤੀ ਸੇਵਾ ਦਾ ਸਮਾਂ ਉਨ੍ਹਾਂ ਦੀ ਉਮਰ ਵਿੱਚੋਂ ਘਟਾਉਣ ਤੋਂ ਬਾਅਦ ਬਾਕੀ ਬਚੀ ਉਮਰ, ਜੇਕਰ ਸੇਵਾ ਰੂਲਾਂ ਅਨੁਸਾਰ ਅਸਾਮੀ ਦੀ ਉਪਰਲੀ ਸੀਮਾ ਤੋਂ 3 ਸਾਲ ਤੋਂ ਵੱਧ ਨਹੀਂ ਹੋਵੇਗੀ ਤਾਂ ਮੰਨਿਆ ਜਾਵੇਗਾ ਕਿ ਉਹ ਉਮਰ ਦੀ ਉਪਰਲੀ ਸੀਮਾ ਦੀਆਂ ਸ਼ਰਤਾਂ ਪੂਰੀਆਂ ਕਰਦਾ ਹੈ।

(vi) ਪੰਜਾਬ ਦੇ ਵਸਨੀਕ ਦਿਵਿਆਂਗ ਉਮੀਦਵਾਰਾਂ ਲਈ ਉਮਰ ਦੀ ਉਪਰਲੀ ਸੀਮਾ ਵਿੱਚ 10 ਸਾਲ ਦੀ ਛੋਟ ਦਿੰਦੇ ਹੋਏ ਵੱਧ ਤੋਂ ਵੱਧ ਉਮਰ ਸੀਮਾ 47 ਸਾਲ ਹੋਵੇਗੀ।

(vii) The upper age limit for widows, divorcees and certain other categories of married women as per instructions issued by the Government of Punjab vide letter No. 1/50/83-5PP(1368)/3454 dated 23.04.1984 will be relaxed up to 40 years.

**ਨੋਟ:-** **ਰਾਜ ਅਤੇ ਕੇਂਦਰੀ ਸਰਕਾਰ ਦੇ ਕਰਮਚਾਰੀਆਂ ਨੂੰ ਉਮਰ ਦੀ ਉਪਰਲੀ ਸੀਮਾਂ ਵਿੱਚ ਛੋਟ ਲੈਣ ਲਈ ਆਪਣੇ ਵਿਭਾਗ ਤੋਂ NOC ਲੈ ਕੇ ਕਾਉਂਸਲਿੰਗ ਸਮੇਂ ਪੇਸ਼ ਕਰਨਾ ਪਵੇਗਾ।**

**6. ਫੀਸ ਦਾ ਵੇਰਵਾ:**

| Sr. No. | Name of Category | Total Fees |
|---|---|---|
| 1. | Ex-Serviceman, Economically Weaker Sections (EWS), Persons with Disabilities (PWD) and Lineal Descendants of Ex-Serviceman (LDESM) of Punjab State only. | Rs.500/- |
| | Scheduled Castes and Backward Classes of Punjab State only. | Rs.750/- |
| | All Other Categories | Rs.1500/- |

**ਨੋਟ:-** **ਉਮੀਦਵਾਰਾਂ ਦੁਆਰਾ ਇੱਕ ਵਾਰ ਅਦਾ ਕੀਤੀ ਫੀਸ ਕਿਸੇ ਵੀ ਸਥਿਤੀ ਵਿੱਚ ਵਾਪਸ ਨਹੀਂ ਕੀਤੀ ਜਾਏਗੀ।**

**7. ਚੋਣ ਵਿਧੀ:**

1. ਪ੍ਰਕਾਸ਼ਿਤ ਕੀਤੀਆਂ ਅਸਾਮੀਆਂ ਲਈ ਸਫਲਤਾਪੂਰਵਕ ਅਪਲਾਈ ਕਰਨ ਵਾਲੇ ਉਮੀਦਵਾਰਾਂ ਦੀ Objective Type {Multiple Choice Question(MCQ)} ਲਿਖਤੀ ਪ੍ਰੀਖਿਆ ਲਈ ਜਾਏਗੀ।
2. ਉਮੀਦਵਾਰਾਂ ਦੀ ਮੈਰਿਟ ਸੂਚੀ (Merit List) ਲਿਖਤੀ ਪ੍ਰੀਖਿਆ ਵਿੱਚ ਪ੍ਰਾਪਤ ਅੰਕਾਂ ਦੇ ਆਧਾਰ ਤੇ ਤਿਆਰ ਕੀਤੀ ਜਾਏਗੀ।
3. ਲਿਖਤੀ ਪ੍ਰੀਖਿਆ ਵਿੱਚ ਜੇਕਰ ਮੈਰਿਟ ਦੀ ਬਰਾਬਰਤਾ ਸੰਬੰਧੀ ਕੋਈ ਮਾਮਲਾ ਸਾਹਮਣੇ ਆਉਂਦਾ ਹੈ ਤਾਂ ਇਸ ਸਬੰਧੀ ਬਰਾਬਰ ਅੰਕ ਹਾਸਿਲ ਉਮੀਦਵਾਰਾਂ ਦੀ ਜਨਮ ਮਿਤੀ ਨੂੰ ਵਿਚਾਰਿਆ ਜਾਵੇਗਾ ਅਤੇ ਵੱਧ ਉਮਰ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ। ਜੇਕਰ ਬਰਾਬਰ ਮੈਰਿਟ ਹਾਸਿਲ ਉਮੀਦਵਾਰਾਂ ਦੀ ਜਨਮ ਮਿਤੀ ਮੁਤਾਬਿਕ ਉਮਰ ਵਿੱਚ ਵੀ ਬਰਾਬਰਤਾ ਪਾਈ ਜਾਂਦੀ ਹੈ ਤਾਂ ਇਸ ਸਬੰਧੀ ਉਮੀਦਵਾਰ ਦੀ ਮੰਗੀ ਵਿੱਦਿਅਕ ਯੋਗਤਾ ਦੀ ਪ੍ਰਤੀਸ਼ਤਤਾ ਨੂੰ ਵਿਚਾਰਦੇ ਹੋਏ ਵੱਧ ਅੰਕ ਹਾਸਿਲ ਕਰਨ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ ਅਤੇ ਜੇਕਰ ਉਪਰੋਕਤ ਦੋਵੇਂ ਸਥਿਤੀਆਂ ਵਿੱਚ ਵੀ ਅੰਕਾਂ ਦੀ ਬਰਾਬਰਤਾ ਦਾ ਵਿਵਾਦ ਨਹੀਂ ਸੁਲਝਦਾ ਹੈ ਤਾਂ ਅੰਤ ਵਿੱਚ ਮੈਟ੍ਰਿਕ ਦੇ ਅੰਕਾਂ ਨੂੰ ਵਿਚਾਰਦੇ ਹੋਏ ਮੈਟ੍ਰਿਕ ਵਿਚ ਵੱਧ ਅੰਕ ਹਾਸਿਲ ਕਰਨ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ।

4. ਮੈਰਿਟ ਸੂਚੀ ਦੇ ਆਧਾਰ ਤੇ ਉਮੀਦਵਾਰਾਂ ਨੂੰ ਹਰ ਤਰ੍ਹਾਂ ਦੇ ਦਸਤਾਵੇਜਾਂ ਦੀ ਪੜਤਾਲ/ਵੈਰੀਫਿਕੇਸ਼ਨ ਕਰਨ ਲਈ ਕਾਉਂਸਲਿੰਗ ਲਈ ਬੁਲਾਇਆ ਜਾਏਗਾ। ਕਾਉਂਸਲਿੰਗ ਲਈ ਬੁਲਾਏ ਜਾਣ ਵਾਲੇ ਉਮੀਦਵਾਰਾਂ ਦੀ ਗਿਣਤੀ ਦਾ ਫੈਸਲਾ ਬੋਰਡ ਜਾਂ ਬੋਰਡ ਦੀ ਸਮਰੱਥ ਅਥਾਰਟੀ/ਅਧਿਕਾਰੀ ਵੱਲੋਂ ਸ਼੍ਰੇਣੀ ਵਾਈਜ ਅਸਾਮੀਆਂ ਦੀ ਗਿਣਤੀ ਨੂੰ ਧਿਆਨ ਵਿੱਚ ਰੱਖਦੇ ਹੋਏ ਲਿਆ ਜਾਏਗਾ। ਇਸ ਉਪਰੰਤ ਕਾਉਂਸਲਿੰਗ ਉਪਰੰਤ ਮੁਕੰਮਲ ਤੌਰ ਤੇ ਸਫਲ/ਯੋਗ ਪਾਏ ਗਏ ਉਮੀਦਵਾਰਾਂ ਦੇ ਨਾਮ ਅਸਾਮੀਆਂ ਦੀ ਉਸ ਸਮੇਂ ਦੀ ਮੌਜੂਦਾ ਗਿਣਤੀ (ਜੋ ਕਿ ਸਬੰਧਤ ਵਿਭਾਗ ਦੇ ਹੁਕਮਾਂ/ਹਦਾਇਤਾਂ ਅਨੁਸਾਰ ਭਰਤੀ ਪ੍ਰਕੀਰਿਆ ਦੌਰਾਨ ਕਿਸੇ ਵੀ ਸਮੇਂ ਘਟਾਈ ਜਾਂ ਵਧਾਈ ਜਾ ਸਕਦੀ ਹੈ) ਅਨੁਸਾਰ ਸਬੰਧਤ ਵਿਭਾਗ ਨੂੰ ਸਿਫਾਰਸ਼ ਕੀਤੇ ਜਾਣਗੇ।
5. ਆਨਲਾਈਨ ਅਪਲਾਈ ਕਰਨ ਜਾਂ ਲਿਖਤੀ ਪੇਪਰ ਵਿੱਚ ਅਪੀਅਰ ਹੋਣ ਜਾਂ ਮੈਰਿਟ ਸੂਚੀ ਵਿੱਚ ਨਾਮ ਆਉਣ ਜਾਂ ਕਾਉਂਸਲਿੰਗ ਲਈ ਬੁਲਾਏ ਜਾਣ ਨਾਲ ਉਮੀਦਵਾਰ ਅਸਾਮੀ ਲਈ ਸਿਫਾਰਸ਼ ਹੋਣ ਦਾ ਅਧਿਕਾਰੀ ਨਹੀਂ ਬਣ ਜਾਵੇਗਾ। ਅਸਾਮੀਆਂ ਲਈ ਹਰ ਪੱਖੋਂ ਉਮੀਦਵਾਰ ਦੀ ਯੋਗਤਾ ਸਿੱਧ ਹੋਣ ਉਪਰੰਤ ਹੀ ਲਿਖਤੀ ਪ੍ਰੀਖਿਆ ਦੀ ਮੈਰਿਟ ਦੇ ਆਧਾਰ ਤੇ ਉਸਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕੀਤਾ ਜਾਏਗਾ। ਉਮੀਦਵਾਰ ਵੱਲੋਂ ਆਪਣੀ ਯੋਗਤਾ ਸਿੱਧ ਨਾ ਕਰ ਸਕਣ ਦੀ ਸਥਿਤੀ ਵਿੱਚ ਉਸਦੀ ਪਾਤਰਤਾ ਰੱਦ ਕਰ ਦਿੱਤੀ ਜਾਏਗੀ ਅਤੇ ਇਸ ਸਬੰਧੀ ਬੋਰਡ ਵੱਲੋਂ ਲਿਆ ਗਿਆ ਫੈਸਲਾ ਅੰਤਿਮ ਹੋਵੇਗਾ।
6. ਕਾਉਂਸਲਿੰਗ ਲਈ ਬੁਲਾਏ ਗਏ ਉਮੀਦਵਾਰਾਂ ਨੂੰ ਉਨ੍ਹਾਂ ਦੀ ਯੋਗਤਾ/ਪਾਤਰਤਾ ਦੇ ਆਧਾਰ ਤੇ ਬਿਨੈ ਕਰਨ ਵਾਲੀ ਸ਼੍ਰੇਣੀ/ਅਸਾਮੀ ਕੋਡ ਵਿੱਚ ਹੀ ਵਿਚਾਰਿਆ ਜਾਵੇਗਾ।

7. ਲਿਖਤੀ ਪ੍ਰੀਖਿਆ ਲਈ ਰੋਲ ਨੰਬਰ, ਸਲੇਬਸ ਅਤੇ ਹੋਰ ਜਾਣਕਾਰੀ ਬੋਰਡ ਦੀ ਵੈੱਬਸਾਈਟ https://sssb.punjab.gov.in ਤੇ ਸਮੇਂ-ਸਮੇਂ ਤੇ ਜਾਰੀ ਕੀਤੀ ਜਾਵੇਗੀ। ਇਸ ਲਈ ਉਮੀਦਵਾਰ ਸਮੇਂ ਸਮੇਂ ਤੇ ਬੋਰਡ ਦੀ ਵੈੱਬਸਾਈਟ ਚੈੱਕ ਕਰਦੇ ਰਹਿਣਗੇ। ਕਿਸੇ ਵੀ ਉਮੀਦਵਾਰ ਨਾਲ ਵਿਅਕਤੀਗਤ ਤੌਰ ਤੇ ਪੱਤਰ ਵਿਹਾਰ ਨਹੀਂ ਕੀਤਾ ਜਾਵੇਗਾ, ਜੇਕਰ ਕੋਈ ਉਮੀਦਵਾਰ ਵੈੱਬਸਾਈਟ ਚੈੱਕ ਨਹੀਂ ਕਰਦਾ ਤਾਂ ਬਾਅਦ ਵਿੱਚ ਉਸਦਾ ਕੋਈ ਕਲੇਮ ਮੰਨਣਯੋਗ ਨਹੀਂ ਹੋਵੇਗਾ।

8. **ਅਪਲਾਈ ਕਰਨ ਦੀ ਵਿਧੀ:**

(I) ਉਮੀਦਵਾਰ ਬੋਰਡ ਦੀ ਵੈਬਸਾਈਟ https://sssb.punjab.gov.in ਤੇ "Online Applications" ਅਧੀਨ ਮੁਹੱਈਆ ਲਿੰਕ ਤੇ ਕਲਿਕ ਕਰਕੇ **ਮਿਤੀ 22.12.2025 ਤੋਂ 28.12.2025 ਸ਼ਾਮ 5:00 ਵਜ਼ੇ ਤੱਕ** ਕੇਵਲ ਆਨਲਾਈਨ ਹੀ ਅਪਲਾਈ ਕਰ ਸਕਦੇ ਹਨ। ਹੋਰ ਕਿਸੇ ਵੀ ਵਿਧੀ ਰਾਹੀਂ ਪ੍ਰਾਪਤ ਐਪਲੀਕੇਸ਼ਨ ਸਵੀਕਾਰ ਨਹੀਂ ਕੀਤੀ ਜਾਵੇਗੀ ਅਤੇ ਇਹ ਰੱਦ ਸਮਝੀ ਜਾਵੇਗੀ।

(II) ਆਨਲਾਈਨ ਅਪਲਾਈ ਕਰਨ ਦੀਆਂ ਹਦਾਇਤਾਂ (instructions) ਬੋਰਡ ਦੀ ਵੈਬਸਾਈਟ ਤੇ ਮੌਜੂਦ ਇਸ ਭਰਤੀ ਦੇ ਲਿੰਕ ਹੇਠ ਦਰਜ਼ ਹਨ। ਉਮੀਦਵਾਰ ਇਸ ਲਿੰਕ ਤੇ ਕਲਿਕ ਕਰਨ ਉਪਰੰਤ ਇੰਨ੍ਹਾਂ ਹਦਾਇਤਾਂ ਨੂੰ ਧਿਆਨ ਨਾਲ ਪੜ੍ਹ ਕੇ ਹੀ ਹਰ ਇੱਕ Step ਨੂੰ ਸਫਲਤਾਪੂਰਵਕ ਮੁਕੰਮਲ ਕਰਨ।

(III) **ਬਿਨੈਕਾਰ ਨੂੰ ਬੋਰਡ ਦੀ ਵੈਬਸਾਈਟ ਤੇ ਮੌਜੂਦ ਭਰਤੀ ਦੇ ਲਿੰਕ ਤੇ ਕਲਿਕ ਕਰਕੇ ਸਭ ਤੋਂ ਪਹਿਲਾਂ ਜੂਨੀਅਰ ਇੰਜੀਨੀਅਰ ਦੀ ਅਸਾਮੀ ਤੇ ਕਲਿਕ ਕਰਨ ਉਪਰੰਤ ਤਿੰਨ ਅਸਾਮੀਆਂ ਜੂਨੀਅਰ ਇੰਜੀਨੀਅਰ (ਸਿਵਲ), ਜੂਨੀਅਰ ਇੰਜੀਨੀਅਰ (ਮਕੈਨੀਕਲ) ਅਤੇ ਜੂਨੀਅਰ ਇੰਜੀਨੀਅਰ (ਇਲੈਕਟ੍ਰੀਕਲ) ਵਿੱਚੋਂ ਇੱਕ ਦੀ ਚੋਣ ਕਰਨੀ ਹੋਵੇਗੀ ਜਿਸ ਲਈ ਉਹ ਬਿਨੈ ਕਰਨਾ ਚਾਹੁੰਦਾ ਹੈ।**

(IV) ਉਮੀਦਵਾਰ ਅਸਾਮੀ ਦੀ ਚੋਣ ਕਰਨ ਉਪਰੰਤ ਸਭ ਤੋਂ ਪਹਿਲਾਂ ਨਿੱਜੀ ਅਤੇ ਵਿਦਿਅਕ ਜਾਣਕਾਰੀ ਭਰਕੇ ਰਜਿਸਟਰੇਸ਼ਨ ਕਰਨਗੇ। ਰਜਿਸਟਰੇਸ਼ਨ ਸਫਲ ਹੋਣ ਉਪਰੰਤ Username generate ਹੋ ਜਾਏਗਾ, ਜਿਸਦੀ ਵਰਤੋਂ ਕਰਕੇ ਉਮੀਦਵਾਰ ਫਿਰ ਤੋਂ Login ਕਰਕੇ Step-wise ਹਰ ਪੱਖੋਂ ਮੁੰਕਮਲ Application Form ਭਰਨਗੇ ਅਤੇ ਇਸਨੂੰ Submit ਕਰਨਗੇ। ਪ੍ਰੰਤੂ ਇਹ Application Form ਫੀਸ ਦੀ ਸਫਲਤਾਪੂਰਵਕ ਅਦਾਇਗੀ ਹੋਣ ਉਪਰੰਤ ਹੀ ਸਵੀਕਾਰ ਕੀਤਾ ਜਾਵੇਗਾ।

(V) ਉਮੀਦਵਾਰ Online Application Form ਭਰਨ ਸਮੇਂ ਆਪਣੀ ਪਾਸਪੋਰਟ ਸਾਈਜ਼ ਫੋਟੋਗਰਾਫ, ਹਸਤਾਖਰ ਅਤੇ ਲੋੜੀਂਦੇ ਵਿਦਿਅਕ ਯੋਗਤਾ ਜਿਵੇਂ ਕਿ ਮੈਟ੍ਰਿਕ ਦਾ ਜਨਮ ਮਿਤੀ ਵਾਲਾ ਸਰਟੀਫਿਕੇਟ, ਬਾਰਵੀਂ ਦਾ ਸਰਟੀਫਿਕੇਟ ਅਤੇ 10+2/ਗਰੈਜੂਏਸ਼ਨ/ਕੋਰਸ ਸਰਟੀਫਿਕੇਟ ਆਦਿ ਸਕੈਨ ਕਰਕੇ ਅਪਲੋਡ ਕਰਨਗੇ। ਇੰਨ੍ਹਾਂ ਦਸਤਾਵੇਜਾਂ ਦੇ ਅਪਲੋਡ ਹੋਣ ਅਤੇ ਮੁਕੰਮਲ Online Application Form submit ਹੋਣ ਤੋਂ ਬਾਅਦ ਇੱਕ ਦਿਨ ਛੱਡ ਕੇ ਅਗਲੇ ਦਿਨ ਭਾਵ ਫਾਰਮ ਸਬਮਿਟ ਕਰਨ ਤੋਂ ਤੀਸਰੇ ਦਿਨ ਤੋਂ ਹੀ ਫੀਸ ਜਮ੍ਹਾ/ਅਦਾ ਕੀਤੀ ਜਾ ਸਕੇਗੀ।

(VI) ਅਪਲਾਈ ਕਰਨ ਲਈ ਲੋੜੀਂਦੀ ਫੀਸ ਜਮ੍ਹਾਂ ਕਰਵਾਉਣ ਦੀ **ਆਖਰੀ ਮਿਤੀ 31.12.2025** ਹੋਵੇਗੀ। **ਫੀਸ ਭਰਨ ਲਈ ਉਮੀਦਵਾਰ ਰਜਿਸਟਰੇਸ਼ਨ ਕਰਨ ਉਪਰੰਤ ਬੋਰਡ ਦੀ ਵੈਬਸਾਈਟ ਤੇ ਮੌਜੂਦ ਭਰਤੀ ਦੇ ਲਿੰਕ ਤੇ ਕਲਿੱਕ ਕਰਕੇ "Upload Photo Sign/Pay Fee/Print Application" ਲਿੰਕ ਤੇ ਕਲਿਕ ਕਰਕੇ Login ਕਰਨਗੇ। ਬੋਰਡ ਦੀ ਵੈਬਸਾਈਟ ਤੇ Login ਕਰਨ ਲਈ Registration Number ਅਤੇ ਜਨਮ ਮਿਤੀ DD/MM/YYYY ਫਾਰਮੈਟ ਵਿੱਚ ਭਰਨੀ ਹੋਵੇਗੀ। ਆਨਲਾਈਨ ਫੀਸ ਭਰਨ ਲਈ ਬੈਂਕ ਦੀ ਵੈਬਸਾਈਟ ਤੇ LOGIN ਕਰਨ ਲਈ Registration Number ਅਤੇ ਜਨਮ ਮਿਤੀ DDMMYYYY ਫਾਰਮੈਟ ਵਿੱਚ ਭਰਨੀ ਹੋਵੇਗੀ।**

(VII) **ਉਮੀਦਵਾਰ Online Application Submit ਕਰਨ ਉਪਰੰਤ ਵੈਬਸਾਈਟ ਤੇ ਮੌਜੂਦ "Upload Photo Sign/Pay Fee/Print Application" ਲਿੰਕ ਤੇ ਕਲਿੱਕ ਕਰਕੇ ਫੀਸ ਦਾ ਭੁਗਤਾਨ ਕਰ ਸਕਣਗੇ।** ਉਮੀਦਵਾਰ Online Application Form submit/ਜਮ੍ਹਾਂ ਹੋਣ ਦੀ ਮਿਤੀ ਤੋਂ ਬਾਅਦ ਇੱਕ ਦਿਨ ਛੱਡ ਕੇ ਅਗਲੀ ਮਿਤੀ ਤੋਂ ਲੈ ਕੇ **ਫੀਸ ਅਦਾ ਕਰਨ ਦੀ ਆਖਰੀ ਮਿਤੀ 31.12.2025** ਤੱਕ ਕਿਸੇ ਵੀ ਕੰਮ-ਕਾਜ ਵਾਲੇ ਦਿਨ ਸਟੇਟ ਬੈਂਕ ਆਫ ਇੰਡੀਆ (State Bank of India) ਦੀ ਕਿਸੇ ਵੀ ਸ਼ਾਖਾ ਵਿੱਚ ਚਲਾਨ ਰਾਹੀਂ ਜਾਂ ਕਿਸੇ ਵੀ ਦਿਨ Net Banking ਜਾਂ Credit Card ਜਾਂ Debit Card ਜਾਂ UPI ਰਾਹੀਂ ਫੀਸ ਜਮ੍ਹਾ ਕਰਵਾ ਸਕਣਗੇ। ਕਿਸੇ ਕਾਰਨ ਫੀਸ ਜਮਾਂ ਨਾ ਹੋਣ ਦੀ ਸੂਰਤ ਵਿੱਚ ਬੋਰਡ ਦੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ।

(VIII) ਉਮੀਦਵਾਰ ਦੁਆਰਾ ਲੋੜੀਂਦੀ ਫੀਸ ਜਮ੍ਹਾ ਕਰਵਾਉਣ ਉਪਰੰਤ ਹੀ Online ਅਪਲਾਈ ਕਰਨ ਦੀ ਪ੍ਰਕਿਰਿਆ ਮੁਕੰਮਲ ਹੋ ਸਕੇਗੀ ਅਤੇ Online Application Form ਸਵੀਕਾਰ ਕੀਤਾ ਜਾਵੇਗਾ। ਇਸ ਉਪਰੰਤ ਹੀ ਫੀਸ ਅਦਾ ਕਰਨ ਦੀ ਮਿਤੀ ਤੋਂ ਬਾਅਦ ਦੋ ਦਿਨ ਛੱਡ ਕੇ ਅਗਲੀ ਮਿਤੀ ਤੋਂ Online Application Form Generate/Download ਹੋ ਸਕੇਗਾ। ਉਮੀਦਵਾਰ ਇਸ ਫਾਰਮ ਦਾ ਪ੍ਰਿੰਟ ਲੈ ਕੇ ਭਵਿੱਖ ਲਈ ਸੰਭਾਲ ਕੇ ਰੱਖਣ ਲਈ ਜਿੰਮੇਵਾਰ ਹੋਣਗੇ।

(IX) ਜੇਕਰ ਉਮੀਦਵਾਰ ਵੱਲੋਂ ਆਨਲਾਈਨ ਫਾਰਮ ਭਰਨ ਸਮੇਂ ਕੋਈ ਗਲਤੀ ਹੋ ਜਾਂਦੀ ਹੈ ਤਾਂ ਸਿਰਫ Application form online submit ਕਰਨ ਤੋਂ ਪਹਿਲਾਂ ਹੀ ਉਸ ਪਾਸ ਫਾਰਮ ਵਿੱਚ ਸੋਧ ਕਰਨ ਦਾ ਮੌਕਾ ਹੋਵੇਗਾ। ਉਮੀਦਵਾਰ ਦੁਆਰਾ ਇੱਕ ਵਾਰ Application Form ਸਬਮਿਟ ਕਰਨ ਉਪਰੰਤ ਕਿਸੇ ਵੀ ਹਾਲਤ ਵਿੱਚ ਇਸ ਵਿੱਚ ਕਿਸੇ ਵੀ ਤਰ੍ਹਾਂ ਦੀ ਸੋਧ ਨਹੀਂ ਕੀਤੀ ਜਾ ਸਕੇਗੀ ਅਤੇ ਨਾ ਹੀ ਭਵਿੱਖ ਵਿੱਚ ਸੋਧ ਕਰਨ ਸਬੰਧੀ ਉਮੀਦਵਾਰ ਦੀ ਕੋਈ ਪ੍ਰਤੀਬੇਨਤੀ/ਮੰਗ ਦਫਤਰ ਵੱਲੋਂ ਸਵੀਕਾਰ ਕੀਤੀ ਜਾਏਗੀ।

(X) ਕਿਸੇ ਵੀ ਉਮੀਦਵਾਰ ਨੂੰ ਫੀਸ ਦੀ ਮੁਆਫੀ/ਛੋਟ ਨਹੀਂ ਦਿੱਤੀ ਜਾਵੇਗੀ ਅਤੇ ਫੀਸ ਦਾ ਭੁਗਤਾਨ ਨਾ ਕਰਨ ਦੀ ਹਾਲਤ ਵਿੱਚ ਉਸਦਾ Application form ਅਧੂਰਾ ਸਮਝਦੇ ਹੋਏ ਸਵੀਕਾਰ ਨਹੀਂ ਕੀਤਾ ਜਾਏਗਾ ਅਤੇ ਉਸਦੀ ਅਰਜੀ/ਪਾਤਰਤਾ ਮੁੱਢ ਤੋਂ ਹੀ ਰੱਦ ਸਮਝੀ ਜਾਵੇਗੀ।

(XI) ਕਿਸੇ ਹੋਰ ਵਿਧੀ ਰਾਹੀਂ ਭੇਜੀ ਗਈ ਅਰਜੀ ਜਾਂ ਕਿਸੇ ਹੋਰ ਵਿਧੀ ਰਾਹੀਂ ਜਮ੍ਹਾਂ ਕਰਵਾਈ ਗਈ ਫੀਸ ਨੂੰ ਵੈਲਿਡ (valid) ਨਹੀਂ ਮੰਨਿਆ ਜਾਵੇਗਾ ਅਤੇ ਅਜਿਹੀ ਅਰਜੀ ਨੂੰ ਸਵੀਕਾਰ ਨਾ ਕਰਦੇ ਹੋਏ ਰੱਦ ਕਰ ਦਿੱਤਾ ਜਾਏਗਾ।

(XII) Challan/Net Banking/Credit Card/Debit Card/UPI ਰਾਹੀਂ ਅਦਾ ਕੀਤੀ ਗਈ ਫੀਸ ਦੀ Transaction ਕਿਸੇ ਵੀ ਕਾਰਨ ਕਰਕੇ ਅਸਫਲ ਹੋਣ ਦੀ ਸਥਿਤੀ ਵਿੱਚ ਉਮੀਦਵਾਰ ਦੀ Application ਜਮ੍ਹਾਂ ਨਹੀਂ ਹੋਈ ਮੰਨੀ ਜਾਵੇਗੀ ਅਤੇ ਇੱਕ ਵਾਰ ਅਦਾ ਕੀਤੀ ਫੀਸ ਨਾ-ਮੋੜਨਯੋਗ ਹੋਵੇਗੀ।

**9. ਉਮੀਦਵਾਰ ਨੂੰ ਅਯੋਗ ਕਰਾਰ ਦੇਣ ਜਾਂ ਪਾਤਰਤਾ ਰੱਦ ਕਰਨ ਦੀਆਂ ਸ਼ਰਤਾਂ:**

ਹੇਠ ਦਰਸਾਈ ਕਿਸੇ ਵੀ ਸਥਿਤੀ ਵਿੱਚ ਉਮੀਦਵਾਰ ਨੂੰ ਅਯੋਗ ਕਰਾਰ ਦਿੰਦੇ ਹੋਏ ਉਸਦੀ ਪਾਤਰਤਾ ਰੱਦ ਕਰ ਦਿੱਤੀ ਜਾਵੇਗੀ:-

(i) ਪੂਰੀ ਫੀਸ ਪ੍ਰਾਪਤ ਨਾ ਹੋਣ ਜਾਂ ਨਿਰਧਾਰਤ ਵਿਧੀ ਅਨੁਸਾਰ ਫੀਸ ਜਮ੍ਹਾਂ ਨਾ ਕਰਵਾਉਣ ਜਾਂ ਕਿਸੇ ਵੀ ਕਾਰਨ ਫੀਸ ਪ੍ਰਾਪਤ ਨਾ ਹੋਣ ਦੀ ਸਥਿਤੀ ਵਿੱਚ ਪਾਤਰਤਾ ਰੱਦ ਸਮਝੀ ਜਾਏਗੀ;

(ii) ਬਿਨੈ-ਪੱਤਰ ਵਿੱਚ ਅਧੂਰੀ ਜਾਂ ਗਲਤ ਸੂਚਨਾ ਭਰਨਾ;

(iii) ਆਨਲਾਈਨ ਬਿਨੈ ਕਰਨ ਦੀ ਪੂਰੀ ਪ੍ਰਕਿਰਿਆ ਮੁਕੰਮਲ ਨਾ ਕਰਨਾ;

(iv) ਅਧੀਨ ਸੇਵਾਵਾਂ ਚੋਣ ਬੋਰਡ ਜਾਂ ਕਿਸੇ ਹੋਰ ਸੰਸਥਾ ਵੱਲੋਂ ਅਯੋਗ ਕਰਾਰ ਦਿੱਤਾ ਹੋਣਾ;

(v) ਲੋੜੀਂਦੀ ਵਿੱਦਿਅਕ ਯੋਗਤਾ, ਉਮਰ, ਰਾਖਵਾਂਕਰਨ ਜਾਂ ਭਰਤੀ ਦੀ ਕੋਈ ਹੋਰ ਸ਼ਰਤ ਪੂਰੀ ਨਾ ਹੋਣਾ;

(vi) ਆਨਲਾਈਨ ਬਿਨੈ ਕਰਨ ਦੀ ਪ੍ਰਕਿਰਿਆ ਦੀ ਥਾਂ ਕਿਸੇ ਹੋਰ ਪ੍ਰਕਿਰਿਆ ਰਾਹੀਂ ਬਿਨੈ ਕਰਨਾ;

(vii) ਲਿਖਤੀ ਪ੍ਰਿਖਿਆ ਵਿੱਚ ਫੇਲ/ਅਯੋਗ ਹੋਣ ਦੀ ਸਥਿਤੀ ਵਿੱਚ।

**10. ਬਿਨੈਕਾਰਾਂ ਦੇ ਧਿਆਨ ਹਿੱਤ ਅਤਿ ਜ਼ਰੂਰੀ ਹਦਾਇਤਾਂ:**

(i) ਉਮੀਦਵਾਰਾਂ ਵੱਲੋਂ ਹਾਸਲ ਕੀਤਾ ਗਿਆ ਡਿਗਰੀ/ਡਿਪਲੋਮਾ/ਕੋਰਸ ਸਰਟੀਫਿਕੇਟ ਸਬੰਧਤ ਬੋਰਡ/ਸੰਸਥਾ/ਯੂਨੀਵਰਸਿਟੀ ਵੱਲੋਂ ਸਮੇਂ-ਸਮੇਂ ਤੇ ਜਾਰੀ guidelines/instructions ਅਨੁਸਾਰ ਅਤੇ ਮਾਨਤਾ ਪ੍ਰਾਪਤ ਬੋਰਡ/ਸੰਸਥਾ/ਯੂਨੀਵਰਸਿਟੀ ਤੋਂ ਜਾਰੀ ਕੀਤਾ ਹੋਣਾ ਲਾਜ਼ਮੀ ਹੈ।

(ii) ਉਪਰੋਕਤ ਦਰਸਾਈਆਂ ਅਸਾਮੀਆਂ ਲਈ Punjab Civil Services (General and Common Conditions of Service) Rules, 1994 ਵਿੱਚ ਕੀਤੇ ਉਪਬੰਧ ਅਨੁਸਾਰ ਦਸਵੀਂ ਪੱਧਰ ਦੀ ਪੰਜਾਬੀ ਜਾਂ ਇਸਦੇ ਬਰਾਬਰ ਦੀ ਯੋਗਤਾ ਪਾਸ ਕੀਤੀ ਹੋਵੇ।

(iii) ਮੁੱਢਲੀ ਤਨਖਾਹ ਅਤੇ ਹੋਰ ਭੱਤਿਆਂ ਸਬੰਧੀ ਵਿੱਤ ਵਿਭਾਗ (ਵਿੱਤ ਪ੍ਰਸੋਨਲ-1 ਸ਼ਾਖਾ), ਪੰਜਾਬ ਸਰਕਾਰ ਦਾ ਪੱਤਰ ਨੰ. 7/204/2012-4ਐਫ.ਪੀ.1/66 ਮਿਤੀ 15.01.2015 ਅਤੇ ਇਸ ਸਬੰਧੀ ਸਮੇਂ-ਸਮੇਂ ਤੇ ਜਾਰੀ ਹੋਰ ਹਦਾਇਤਾਂ ਲਾਗੂ ਹੋਣਗੀਆਂ।

(iv) ਉਪਰੋਕਤ ਦਰਸਾਈਆਂ ਅਸਾਮੀਆਂ ਦੀ ਗਿਣਤੀ ਬੋਰਡ ਵੱਲੋਂ ਕਿਸੇ ਵੀ ਸਮੇਂ ਘਟਾਈ ਜਾਂ ਵਧਾਈ ਜਾਂ ਸ਼੍ਰੇਣੀ ਵਿੱਚ ਤਬਦੀਲੀ ਕੀਤੀ ਜਾ ਸਕਦੀ ਹੈ।

(v) ਇਨ੍ਹਾਂ ਅਸਾਮੀਆਂ ਦੀ ਕੈਟਗਾਰੀ ਵਾਈਜ਼ ਵੰਡ ਅਤੇ ਰਾਖਵਾਂਕਰਨ ਸਬੰਧਤ ਵਿਭਾਗ ਵੱਲੋਂ ਨਿਰਧਾਰਤ ਕੀਤਾ ਗਿਆ ਹੈ। ਇਨ੍ਹਾਂ ਅਸਾਮੀਆਂ ਲਈ ਹਰ ਸ਼੍ਰੇਣੀ ਲਈ ਰਾਖਵਾਂਕਰਨ ਪੰਜਾਬ ਸਰਕਾਰ ਦੀਆਂ, ਰਾਖਵਾਂਕਰਨ ਸਬੰਧੀ ਨੀਤੀ/ਹਦਾਇਤਾਂ/ਨਿਯਮਾਂ ਅਨੁਸਾਰ ਲਾਗੂ ਹੋਵੇਗਾ। Economic weaker Sections ਲਈ ਰਾਖਵਾਂਕਰਨ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ, ਪੰਜਾਬ ਦੇ ਪੱਤਰ ਨੰ.01/03/2019-ਆਰ.ਸੀ.1/120 ਮਿਤੀ 28 ਮਈ, 2019 ਰਾਹੀਂ ਜਾਰੀ ਹਦਾਇਤਾਂ ਅਤੇ ਇਸਨੂੰ ਲਾਗੂ ਕਰਨ ਸਬੰਧੀ ਭਵਿੱਖ ਵਿੱਚ ਸਮੇਂ ਸਮੇਂ ਤੇ ਹੋਰ ਵੀ ਜਾਰੀ ਕੀਤੀਆਂ ਗਈਆਂ ਹਦਾਇਤਾਂ/ਨਿਯਮਾਂ ਦੇ ਅਨੁਸਾਰ ਲਾਗੂ ਹੋਵੇਗਾ।

(vi) ਇਨ੍ਹਾਂ ਅਸਾਮੀਆਂ ਲਈ ਉਮੀਦਵਾਰ ਕੇਵਲ ਬੋਰਡ ਦੀ ਵੈੱਬਸਾਈਟ *https://sssb.punjab.gov.in* ਤੇ ਹੀ ਆਨਲਾਈਨ ਅਪਲਾਈ ਕਰ ਸਕਦੇ ਹਨ। ਇਸ ਤੋਂ ਬਿਨ੍ਹਾਂ ਕਿਸੇ ਵੀ ਵਿਧੀ ਰਾਹੀਂ ਭੇਜੀ ਗਈ ਅਰਜੀ ਰੱਦ ਸਮਝੀ ਜਾਵੇਗੀ।

(vii) ਆਨਲਾਈਨ ਫਾਰਮ ਭਰਨ ਸਮੇਂ ਹੋਈ ਕਿਸੇ ਵੀ ਗਲਤੀ ਲਈ ਉਮੀਦਵਾਰ ਖੁਦ ਜ਼ਿੰਮੇਵਾਰ ਹੋਵੇਗਾ। ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਦੀ ਇਸ ਸਬੰਧੀ ਕੋਈ ਜ਼ਿੰਮੇਵਾਰੀ ਨਹੀਂ ਹੋਵਗੀ ਅਤੇ ਨਾ ਹੀ ਕਿਸੇ ਵੀ ਕਾਲਮ ਵਿੱਚ ਸੋਧ ਕੀਤੀ ਜਾਵੇਗੀ। ਉਮੀਦਵਾਰ ਵਲੋਂ ਇੱਕ ਵਾਰ ਭਰਿਆ ਗਿਆ ਡਾਟਾ ਕਿਸੇ ਵੀ ਹਾਲਤ ਵਿੱਚ ਬਦਲਣ ਦੀ ਆਗਿਆ ਨਹੀਂ ਹੋਵੇਗੀ।

(viii) ਉਮੀਦਵਾਰ ਨੂੰ ਇਹ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਇਨ੍ਹਾਂ ਅਸਾਮੀਆਂ ਲਈ ਖੁਦ ਆਨਲਾਈਨ ਅਪਲਾਈ ਕਰਨ। ਉਮੀਦਵਾਰ ਵੱਲੋਂ ਫਾਰਮ ਭਰਨ ਲਈ ਕਿਸੇ ਹੋਰ ਵਿਅਕਤੀ/ਸਾਈਬਰ ਕੈਫੇ ਅਟੈਂਡੈਂਟ ਦੀ ਮੱਦਦ ਲੈਣ ਦੀ ਸਥਿਤੀ ਵਿੱਚ ਕੋਈ ਵੀ ਗਲਤੀ ਹੋ ਜਾਣ ਉਪਰੰਤ ਕਿਸੇ ਵੀ ਹਾਲਤ ਵਿੱਚ ਫਾਰਮ ਦੇ ਕਿਸੇ ਵੀ ਕਾਲਮ ਵਿੱਚ ਸੋਧ ਨਹੀਂ ਕੀਤੀ ਜਾਵੇਗੀ।

(ix) ਉਮੀਦਵਾਰ ਵੱਲੋਂ ਅਧੂਰਾ ਫਾਰਮ ਭਰਨ ਜਾਂ ਆਨਲਾਈਨ ਬਿਨੈ ਕਰਨ ਦੀ ਪ੍ਰਕਿਰਿਆ ਪੂਰੀ ਨਾ ਕਰਨ ਜਾਂ ਪੂਰੀ ਫੀਸ ਨਾ ਭਰ ਸਕਣ ਜਾਂ ਲੋੜੀਂਦੇ ਦਸਤਾਵੇਜ਼ ਅਪਲੋਡ ਨਾ ਕਰਨ ਦੀ ਸਥਿਤੀ ਵਿੱਚ ਉਸਦਾ ਬਿਨੈ-ਪੱਤਰ ਸਵੀਕਾਰ ਨਹੀਂ ਕੀਤਾ ਜਾਵੇਗਾ ਅਤੇ ਉਸਨੂੰ ਇਨ੍ਹਾਂ ਅਸਾਮੀਆਂ ਲਈ ਉਮੀਦਵਾਰ ਨਹੀਂ ਮੰਨਿਆ ਜਾਵੇਗਾ।

(x) ਆਨਲਾਈਨ ਅਪਲਾਈ ਕਰਨ ਸਮੇਂ ਉਮੀਦਵਾਰ ਦਰਸਾਈਆਂ ਹਦਾਇਤਾਂ ਮੁਤਾਬਕ ਲੋੜੀਂਦੇ ਸਰਟੀਫਿਕੇਟ ਸਕੈਨ ਕਰਕੇ ਵੈੱਬਸਾਈਟ ਤੇ ਨਾਲ ਹੀ ਅਪਲੋਡ ਕਰਨਗੇ।

(xi) ਉਮੀਦਵਾਰਾਂ ਨੂੰ ਇਹ ਹਦਾਇਤ ਕੀਤੀ ਜਾਂਦੀ ਹੈ ਕਿ ਭਰਤੀ ਸਬੰਧੀ ਹਰ ਤਰ੍ਹਾਂ ਦੀ ਜਾਣਕਾਰੀ ਜਿਵੇਂ ਕਿ ਲਿਖਤੀ ਪ੍ਰਿਖਿਆ ਦਾ ਪੈਟਰਨ, ਸ਼ਡਿਊਲ/ਮਿਤੀ, Admit Card, ਨਤੀਜਾ, Merit List, ਮਹੱਤਵਪੂਰਨ ਮਿਤੀਆਂ ਅਤੇ ਭਰਤੀ ਪ੍ਰਕਿਰਿਆ ਸਬੰਧੀ ਭਵਿੱਖ ਵਿੱਚ ਸਮੇਂ-ਸਮੇਂ ਤੇ ਜਾਰੀ ਹੋਣ ਵਾਲੀ ਹਰ ਤਰ੍ਹਾਂ ਦੀ ਜਾਣਕਾਰੀ/ਨੋਟਿਸ/ਤਬਦੀਲੀ ਸਿਰਫ ਬੋਰਡ ਦੀ ਵੈੱਬਸਾਈਟ ਤੇ ਹੀ ਅਪਲੋਡ (upload) ਕੀਤੀ ਜਾਵੇਗੀ। ਇਸ ਸਬੰਧੀ ਉਮੀਦਵਾਰਾਂ ਨੂੰ ਵੱਖਰੇ ਤੌਰ ਤੇ ਕੋਈ ਸੂਚਨਾ ਨਹੀਂ ਭੇਜੀ ਜਾਵੇਗੀ। ਸੋ ਜਦ ਤੱਕ ਭਰਤੀ ਪ੍ਰਕਿਰਿਆ ਮੁਕੰਮਲ ਨਹੀਂ ਹੋ ਜਾਂਦੀ ਤਦ ਤੱਕ ਉਮੀਦਵਾਰਾਂ ਨੂੰ Updates ਲਈ ਬੋਰਡ ਦੀ ਵੈੱਬਸਾਈਟ ਲਾਜ਼ਮੀ ਤੌਰ ਤੇ ਚੈੱਕ ਕਰਦੇ ਰਹਿਣਾ ਹੋਵੇਗਾ। ਅਜਿਹਾ ਨਾ ਕਰਨ ਦੀ ਸਥਿਤੀ ਵਿੱਚ ਉਮੀਦਵਾਰਾਂ ਨੂੰ ਹੋਣ ਵਾਲੇ ਕਿਸੇ ਵੀ ਨੁਕਸਾਨ ਦੀ ਜਿੰਮੇਵਾਰੀ ਅਧੀਨ ਸੇਵਾਵਾਂ ਚੋਣ ਬੋਰਡ ਦੀ ਨਹੀਂ ਹੋਵੇਗੀ ਅਤੇ ਨਾ ਹੀ ਇਸ ਸਬੰਧੀ ਕੋਈ ਸੁਣਵਾਈ ਦਾ ਮੌਕਾ ਦਿੱਤਾ ਜਾਵੇਗਾ।

(xii) ਉਮੀਦਵਾਰ ਸ਼੍ਰੇਣੀ ਅਤੇ ਇਸਦੇ ਕੋਡ ਦਾ ਧਿਆਨ ਰੱਖਦੇ ਹੋਏ ਆਨਲਾਈਨ ਫਾਰਮ ਧਿਆਨ ਨਾਲ ਭਰਨ ਕਿਉਂਕਿ ਕਿਸੇ ਵੀ ਸਟੇਜ ਤੇ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਤਬਦੀਲ ਨਹੀਂ ਕੀਤਾ ਜਾ ਸਕੇਗਾ।

(xiii) ਵੱਖ-ਵੱਖ ਵਰਗਾਂ/ਸ਼੍ਰੇਣੀਆਂ ਦੀਆਂ ਅਸਾਮੀਆਂ ਉਸ ਵਰਗ/ਸ਼੍ਰੇਣੀ ਵਿੱਚ ਅਸਾਮੀਆਂ ਦੀ ਉਪਲੱਬਤਾ ਅਨੁਸਾਰ ਭਰੀਆਂ ਜਾਣਗੀਆਂ।

(xiv) ਆਨਲਾਈਨ ਅਪਲਾਈ ਕਰਨ ਜਾਂ ਮੈਰਿਟ ਸੂਚੀ ਵਿੱਚ ਨਾਮ ਆਉਣ ਜਾਂ ਕਾਉਂਸਲਿੰਗ ਲਈ ਬੁਲਾਏ ਜਾਣ ਨਾਲ ਉਮੀਦਵਾਰ ਅਸਾਮੀ ਲਈ ਸਿਫਾਰਸ਼ ਹੋਣ ਦਾ ਅਧਿਕਾਰੀ ਨਹੀਂ ਬਣ ਜਾਵੇਗਾ। ਲਿਖਤੀ ਪ੍ਰੀਖਿਆ ਪਾਸ ਕਰਨ ਅਤੇ ਅਸਾਮੀ ਲਈ ਹਰ ਲੋੜੀਂਦੀ ਯੋਗਤਾ ਪੂਰੀ ਕਰਨ ਤੇ ਅਸਾਮੀਆਂ ਦੀ ਉਪਲਬਧਤਾ ਮੁਤਾਬਕ ਹੀ ਉਮੀਦਵਾਰ ਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕੀਤਾ ਜਾਵੇਗਾ। ਤੈਅ ਸਮੇਂ-ਸੀਮਾ ਅੰਦਰ ਆਪਣੀ ਯੋਗਤਾ ਸਿੱਧ ਨਾ ਕਰ ਸਕਣ ਦੀ ਸਥਿਤੀ ਵਿੱਚ ਉਮੀਦਵਾਰ ਦੀ ਪਾਤਰਤਾ ਰੱਦ ਕਰ ਦਿੱਤੀ ਜਾਵੇਗੀ ਅਤੇ ਇਸ ਸਬੰਧੀ ਬੋਰਡ ਵੱਲੋਂ ਲਿਆ ਗਿਆ ਫੈਸਲਾ ਅੰਤਿਮ ਹੋਵੇਗਾ।

(xv) ਉਮੀਦਵਾਰ ਵੱਲੋਂ ਭਰਤੀ ਦੀ ਕਿਸੇ ਵੀ ਸਟੇਜ ਤੇ ਉਪਲਬਧ ਕਰਵਾਏ ਗਏ ਕਿਸੇ ਵੀ ਦਸਤਾਵੇਜ ਦੇ ਗਲਤ ਸਾਬਤ ਹੋਣ ਤੇ ਉਸਦਾ ਨਾਮ ਮੈਰਿਟ ਸੂਚੀ ਵਿੱਚੋਂ ਕੱਢ ਦਿੱਤਾ ਜਾਵੇਗਾ ਅਤੇ ਉਸਦੀ ਪਾਤਰਤਾ ਰੱਦ ਕਰ ਦਿੱਤੀ ਜਾਵੇਗੀ। ਅਜਿਹੇ ਉਮੀਦਵਾਰ ਵਿਰੁੱਧ ਨਿਯਮਾਂ ਅਨੁਸਾਰ ਕਾਨੂੰਨੀ ਕਾਰਵਾਈ ਵੀ ਆਰੰਭੀ ਜਾ ਸਕਦੀ ਹੈ।

(xvi) ਉਮੀਦਵਾਰ ਇਹ ਵੀ ਤਸਦੀਕ ਕਰਨਗੇ ਕਿ ਉਹ ਉਪਰੋਕਤ ਅਸਾਮੀਆਂ ਸਬੰਧੀ ਲੋੜੀਂਦੀ ਯੋਗਤਾ ਅਤੇ ਨਿਰਧਾਰਤ ਸ਼ਰਤਾਂ ਪੂਰੀਆਂ ਕਰਦਾ ਹੈ। ਉਮੀਦਵਾਰ ਵੱਲੋਂ ਕਾਉਂਸਲਿੰਗ ਸਮੇਂ ਅਸਲ ਦਸਤਾਵੇਜ ਦੇ ਆਧਾਰ ਤੇ ਉਮਰ, ਵਿੱਦਿਅਕ ਯੋਗਤਾ ਅਤੇ ਲੋੜੀਂਦੇ ਦਸਤਾਵੇਜ ਸਬੰਧੀ ਤਸਦੀਕ ਕਰਨੀ ਹੋਵੇਗੀ ਅਤੇ ਆਪਣੇ ਰਾਖਵਾਂਕਰਨ ਦੇ ਸਰਟੀਫਿਕੇਟ ਵੀ ਪੇਸ਼ ਕਰਨੇ ਹੋਣਗੇ। ਇਨ੍ਹਾਂ ਦਸਤਾਵੇਜਾਂ ਦੇ ਹਰ ਪੱਖੋਂ ਸਹੀ ਸਿੱਧ ਹੋਣ ਅਤੇ ਲੋੜੀਂਦੀਆਂ ਸ਼ਰਤਾਂ/ਯੋਗਤਾਵਾਂ ਪੂਰੀਆਂ ਕਰਨ, ਉਸਦੀ ਪਾਤਰਤਾ ਸਿੱਧ ਹੋਣ ਅਤੇ ਅਸਾਮੀਆਂ ਦੀ ਉਪਲਬਧਤਾ ਹੋਣ ਦੀ ਸਥਿਤੀ ਵਿੱਚ ਹੀ ਉਮੀਦਵਾਰ ਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕੀਤਾ ਜਾਵੇਗਾ।

(xvii) ਉਮੀਦਵਾਰ ਕਾਉਂਸਲਿੰਗ ਸਮੇਂ ਲੋੜੀਂਦੀ ਵਿੱਦਿਅਕ ਯੋਗਤਾ ਅਤੇ ਤਕਨੀਕੀ ਯੋਗਤਾ ਨਾਲ ਸਬੰਧਤ ਆਪਣੇ ਸਰਟੀਫਿਕੇਟ ਅਤੇ ਉਨ੍ਹਾਂ ਦੀਆਂ ਤਸਦੀਕਸ਼ੁਦਾ ਕਾਪੀਆਂ ਪੇਸ਼ ਕਰਨਗੇ। ਇਹ ਸਾਰੇ

ਦਸਤਾਵੇਜ਼ ਅਪਲਾਈ ਕਰਨ ਦੀ ਮਿਤੀ ਤੋਂ ਪਹਿਲਾਂ ਦੇ ਹੋਣੇ ਚਾਹੀਦੇ ਹਨ। ਕਾਊਂਸਲਿੰਗ ਸਮੇਂ ਕਿਸੇ ਵੀ ਲੋੜੀਂਦੇ ਦਸਤਾਵੇਜ ਦੀ ਅਣਹੋਂਦ ਵਿੱਚ ਉਮੀਦਵਾਰ ਨੂੰ ਉਪਰੋਕਤ ਅਸਾਮੀਆਂ ਲਈ ਨਹੀਂ ਵਿਚਾਰਿਆ ਜਾਵੇਗਾ ਅਤੇ ਮੈਰਿਟ ਲਿਸਟ ਵਿੱਚ ਮੌਜੂਦ ਅਗਲੇ ਯੋਗ ਉਮੀਦਵਾਰ ਨੂੰ ਵਿਚਾਰਦੇ ਹੋਏ ਉਸਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕਰ ਦਿੱਤਾ ਜਾਵੇਗਾ।

(xviii) ਲਿਖਤੀ ਪ੍ਰਿਖਿਆ/ਕਾਉਂਸਲਿੰਗ ਲਈ ਆਉਣ ਵਾਲੇ ਉਮੀਦਵਾਰਾਂ ਨੂੰ ਕੋਈ ਟੀ.ਏ./ਡੀ.ਏ. ਅਦਾ ਨਹੀਂ ਕੀਤਾ ਜਾਵੇਗਾ।

(xix) ਉਮੀਦਵਾਰ ਦੁਆਰਾ ਇੱਕ ਵਾਰ ਅਦਾ ਕੀਤੀ ਫੀਸ ਬੋਰਡ/ਬੈਂਕ ਦੁਆਰਾ ਕਿਸੇ ਵੀ ਸਥਿਤੀ ਵਿੱਚ ਵਾਪਸ ਨਹੀਂ ਕੀਤੀ ਜਾਵੇਗੀ।

(xx) ਇਸ ਭਰਤੀ ਸਬੰਧੀ ਬੋਰਡ ਦੁਆਰਾ ਭਵਿੱਖ ਵਿੱਚ ਜਾਰੀ ਕੀਤੀ ਕੋਈ ਵੀ ਸੋਧ/ਨੋਟਿਸ/Corrigendum ਇਸ ਭਰਤੀ ਤੇ ਲਾਗੂ ਹੋਵੇਗਾ ਅਤੇ ਉਮੀਦਵਾਰ ਇਸਦੀ ਪਾਲਣਾ ਕਰਨੀ ਯਕੀਨੀ ਬਣਾਉਣਗੇ।

(xxi) ਇਸ ਭਰਤੀ ਸਬੰਧੀ ਕਿਸੇ ਵੀ ਤਰ੍ਹਾਂ ਦੀ ਤਬਦੀਲੀ/ਸੋਧ ਕਰਨ ਦਾ ਅਧਿਕਾਰ ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਪਾਸ ਰਾਖਵਾਂ ਹੋਵੇਗਾ ਅਤੇ ਕਿਸੇ ਵੀ ਮਾਮਲੇ/ਵਿਸ਼ੇ ਸਬੰਧੀ ਬੋਰਡ ਜਾਂ ਬੋਰਡ ਦੁਆਰਾ ਗਠਿਤ ਕੀਤੀ ਕਮੇਟੀ ਦਾ ਫੈਸਲਾ ਅੰਤਿਮ ਅਤੇ ਸਾਰੇ ਉਮੀਦਵਾਰਾਂ ਤੇ ਲਾਗੂ ਹੋਵੇਗਾ।

(xxii) ਉਪਰੋਕਤ ਦਰਸਾਈਆਂ ਅਸਾਮੀਆਂ ਦੀਆਂ ਸ਼ਰਤਾਂ/ਨਿਯਮ/ਰਾਖਵਾਂਕਰਨ ਸਬੰਧਤ ਵਿਭਾਗ ਦੁਆਰਾ ਮੁਹੱਈਆ ਕਰਵਾਈ ਗਈ ਸੂਚਨਾ/ਜਾਣਕਾਰੀ ਤੇ ਅਧਾਰਿਤ ਹਨ। ਇਸ ਸਬੰਧੀ ਹਰ ਤਰ੍ਹਾਂ ਦੀ ਜਿੰਮੇਵਾਰੀ ਸਬੰਧਤ ਵਿਭਾਗ ਦੀ ਹੋਵੇਗੀ।

(xxiii) ਇਨ੍ਹਾਂ ਅਸਾਮੀਆਂ ਲਈ ਆਨਲਾਈਨ ਬਿਨੈ (Online Apply) ਕਰਨ ਸਬੰਧੀ ਕੋਈ ਮੁਸ਼ਕਲ/ਔਕੜ (Technical issue) ਆਉਣ ਤੇ email ਰਾਹੀਂ **helpsssb.pb@gmail.com** ਤੇ ਸੰਪਰਕ ਕੀਤਾ ਜਾ ਸਕਦਾ ਹੈ।

(xxiv) ਇਸ ਭਰਤੀ ਸਬੰਧੀ ਹੋਰ ਜਾਣਕਾਰੀ ਪ੍ਰਾਪਤ ਕਰਨ ਲਈ ਕਿਸੇ ਵੀ ਕੰਮ-ਕਾਜ ਵਾਲੇ ਦਿਨ 10.00 am ਤੋਂ 04.00 pm ਦਫਤਰ ਦੇ ਟੈਲੀਫੋਨ ਨੰ. 0172-2298000 (Extension No. 5106 and 5107), 0172-2298083, ਹੈਲਪਲਾਈਨ ਨੰਬਰ 9646932955 ਅਤੇ 9041799018 ਤੇ ਸੰਪਰਕ ਕੀਤਾ ਜਾ ਸਕਦਾ ਹੈ।

ਇਸ ਇਸ਼ਤਿਹਾਰ/ਭਰਤੀ ਸਬੰਧੀ ਜੇਕਰ ਕੋਈ ਤਰੁੱਟੀ ਧਿਆਨ ਵਿੱਚ ਆਉਂਦੀ ਹੈ ਤਾਂ ਉਸ ਨੂੰ ਸੁਧਾਰਨ ਦਾ ਹੱਕ ਬੋਰਡ ਕੋਲ ਰਾਖਵਾਂ ਹੋਵੇਗਾ।

**ਸਹੀ/-**

**ਸਹਾਇਕ ਡਾਇਰੈਕਟਰ**

**ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**

**ਸਥਾਨ: ਐਸ.ਏ.ਐਸ. ਨਗਰ**

**ਮਿਤੀ : 21.12.2025**